# ਦਫਤਰ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ), ਲੁਧਿਆਣਾ

ਵੱਲ

ਸਮੂਹ ਸਕੂਲ ਮੁੱਖੀ(ਸਰਕਾਰੀ/ਏਡਿਡ/ਪ੍ਰਾਈਵੇਟ),
ਸਸਸਸ/ਸਹਸ/ਸਮਿ ਸਕੂਲ,
ਜਿਲ੍ਹਾ ਲੁਧਿਆਣਾ।

ਪੱਤਰ ਨੰ. ਜੀ-7/ਬਡ.20(15)/202430954
ਮਿਤੀ,ਲੁਧਿਆਣਾ: 10-12-2024

ਵਿਸ਼ਾ: ਨਸ਼ਿਆਂ ਦੇ ਖਿਲਾਫ ਜਾਗਰੂਕਤਾ ਸਬੰਧੀ ਗਤੀਵਿਧੀਆਂ ਕਰਵਾਉਣ ਬਾਰੇ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਭਾਰਤ ਸਰਕਾਰ ਅਤੇ ਸੂਬਾ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ ਵੱਖ-ਵੱਖ ਤਰ੍ਹਾਂ ਦੇ ਪ੍ਰੋਜੈਕਟ ਚਲਾਏ ਜਾ ਰਹੇ ਹਨ ਜਿਸ ਅਧੀਨ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਮਾਣਯੋਗ ਡਿਪਟੀ ਕਮਿਸ਼ਨਰ ਲੁਧਿਆਣਾ ਜੀ ਦੇ ਆਦੇਸ਼ਾਂ ਅਨੁਸਾਰ ਸਰਕਾਰ ਵੱਲੋਂ ਜਾਰੀ ਗਾਈਡਲਾਈਜ਼ ਅਨੁਸਾਰ ਅੱਜ ਤੋਂ ਲੈ ਕੇ ਮਿਤੀ 11.01.2025 ਤੱਕ ਸਕੂਲਾਂ ਵਿੱਚ ਸਵੇਰ ਦੀ ਸਭਾ ਦੌਰਾਨ ਨਸ਼ਿਆਂ ਖਿਲਾਫ ਜਾਗਰੂਕਤਾ ਸਪੀਚ ਕਰਵਾਈ ਜਾਵੇ। ਇਸ ਦੇ ਨਾਲ ਹੀ ਹਰ ਰੋਜ਼ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਜਾਵੇ ਅਤੇ ਵਿਦਿਆਰਥੀਆਂ ਦੇ ਆਪਸ ਵਿੱਚ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ/ਗਤੀਵਿਧੀਆਂ ਕਰਵਾਈਆਂ ਜਾਣ। ਇੰਨਾਂ ਗਤੀਵਿਧੀਆਂ ਦਾ ਰਿਕਾਰਡ ਆਪਣੇ ਕੋਲ ਤਿਆਰ ਰੱਖਿਆ ਜਾਵੇ ਤਾਂ ਜੋ ਲੋੜ ਪੈਣ ਤੇ ਆਪ ਜੀ ਪਾਸੋਂ ਮੰਗਵਾ ਕੇ ਜਿਲ੍ਹਾ ਪ੍ਰਸਾਸ਼ਨ ਨਾਲ ਸਾਂਝਾ ਕੀਤਾ ਜਾ ਸਕੇ। ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।

ਉਪ.ਜਿਲ੍ਹਾ ਸਿੱਖਿਆ ਅਫਸਰ(ਸੈ.ਸਿ)
ਲੁਧਿਆਣਾ